# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 26-12-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਸ਼ਾਨਦਾਰ ਪ੍ਰਾਪਤੀਆਂ ਲਈ 17 ਬੱਚਿਆਂ ਨੂੰ ‘Pradhan Mantri Rashtriya Bal Puraskar’ ਪ੍ਰਦਾਨ ਕੀਤੇ.ਪੰਜਾਬ ਦੀ SANVI SOOD ਨੇ ਪਰਬਤਾਰੋਹਣ ਵਰਗ‘ਚ ਇਹ ਅਵਾਰਡ ਜਿੱਤਿਆ ਏ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀਰ ਬਾਲ ਦਿਵਸ’ਤੇ ਸਾਹਿਬਜ਼ਾਦਿਆਂ ਦੀ ਦਲੇਰੀ ਅਤੇ ਕੁਰਬਾਨੀ ਨੂੰ ਯਾਦ ਕਰਦਿਆਂ ਕਿਹਾ ਏ ਕਿ ਓਹਨਾ ਦਾ ਜੀਵਨ, ਦੇਸ਼ ਦੀ ਅਖੰਡਤਾ ਨਾਲ ਸਮਝੌਤਾ ਨਾ ਕਰਨ ਦਾ ਉਪਦੇਸ਼ ਦਿੰਦਾ ਏ।
- ਛੋਟੇ ਸਾਹਿਬਜ਼ਾਦਿਆਂ, ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿਚ ਫਤਿਹਗੜ੍ਹ ਸਾਹਿਬ ਵਿਖੇ ਕਲ ਸ਼ੁਰੂ ਹੋਈ ਸ਼ਹੀਦੀ ਸਭਾ ਭਲਕੇ ਸੰਪੂਰਨ ਹੋ ਜਾਏਗੀ।

- ਮੌਸਮ ਵਿਭਾਗ ਨੇ ਆਉਂਦੇ ਦਿਨਾਂ'ਚ ਪੰਜਾਬ 'ਚ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਸੱਤ ਸ਼੍ਰੇਣੀਆਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਲਈ 17 ਬੱਚਿਆਂ ਨੂੰ 'Pradhan Mantri Rashtriya Bal Puraskar' ਪ੍ਰਦਾਨ ਕੀਤੇ. ਪੰਜਾਬ, ਹਰਿਆਣਾ ਤੇ ਜੰਮੂ ਕਸ਼ਮੀਰ ਸਮੇਤ 14 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਬੱਚਿਆਂ ਨੂੰ ਕਲਾ ਅਤੇ ਸੱਭਿਆਚਾਰ, ਬਹਾਦਰੀ, ਨਵੀਆਂ ਕਾਢਾਂ, ਵਿਗਿਆਨ ਤੇ ਤਕਨਾਲੋਜੀ, ਸਮਾਜ ਸੇਵਾ, ਖੇਡਾਂ ਅਤੇ ਚੁਗਿਰਦੇ ਦੇ ਖੇਤਰ ਵਿੱਚ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਮਾਨਤਾ ਦਿੱਤੀ ਗਈ। ਹਰੇਕ ਪੁਰਸਕਾਰ ਜੇਤੂ ਨੂੰ ਇੱਕ ਤਮਗਾ, ਇੱਕ ਸਰਟੀਫਿਕੇਟ, ਅਤੇ ਇੱਕ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਰਾਸ਼ਟਰਪਤੀ ਮੁਰਮੂ ਨੇ ਵੀਰ ਬਾਲ ਦਿਵਸ 'ਤੇ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਦਲੇਰੀ ਅਤੇ ਕੁਰਬਾਨੀ ਨੂੰ ਸ਼ਰਧਾਂਜਲੀ ਭੇਂਟ ਕੀਤੀ | ਉਨ੍ਹਾਂ ਦੱਸਿਆ ਕਿ ਇਹ ਦਿਹਾੜਾ ਹਰ ਸਾਲ ਸਿੱਖਾਂ ਦੇ ਦਸਵੇਂ ਗੁਰੂ, ਸ੍ਰੀ ਗੁਰੂ ਗੋਬਿੰਦ

ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਬੇਮਿਸਾਲ ਕੁਰਬਾਨੀ ਅਤੇ ਹੌਸਲੇ ਦਾ ਸਨਮਾਨ ਕਰਨ ਲਈ ਮਨਾਇਆ ਜਾਂਦਾ ਏ। ਪੁਰਸਕਾਰ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਵਧਾਈ ਦਿੰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਦਾ ਕੰਮ ਅਸਾਧਾਰਨ ਅਤੇ ਹੈਰਾਨੀਜਨਕ ਏ। ਓਹਨਾਂ ਜ਼ੋਰ ਦੇ ਕੇ ਕਿਹਾ ਕਿ ਇਹਨਾਂ ਬਚਿਆਂ ਵਿੱਚੋਂ ਹਰੇਕ ਵਿੱਚ ਬੇਮਿਸਾਲ ਗੁਣ ਨੇ ਅਤੇ ਉਹਨਾਂ ਦੀਆਂ ਪ੍ਰਾਪਤੀਆਂ ਦੇਸ਼ ਦੇ ਸਾਰੇ ਨਾਗਰਿਕਾਂ ਨੂੰ ਪ੍ਰੇਰਿਤ ਕਰਨਗੀਆਂ। ਰਾਸ਼ਟਰਪਤੀ ਨੇ ਕਿਹਾ ਕਿ ਮੌਕੇ ਪ੍ਰਦਾਨ ਕਰਨਾ ਅਤੇ ਬੱਚਿਆਂ ਦੇ ਹੁਨਰ ਨੂੰ ਪਛਾਣਨਾ ਦੇਸ਼ ਦੀਆਂ ਰਵਾਇਤਾਂ ਦਾ ਹਿੱਸਾ ਰਿਹਾ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਰਵਾਇਤ ਨੂੰ ਹੋਰ ਮਜ਼ਬੂਤ ਕੀਤਾ ਜਾਣਾ ਚਾਹੀਦਾ ਏ। ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਸਾਲ 2047 ਵਿੱਚ ਜਦੋਂ ਦੇਸ਼ ਭਾਰਤ ਦੀ ਆਜ਼ਾਦੀ ਦੀ ਸ਼ਤਾਬਦੀ ਮਨਾਏਗਾ, ਇਹ ਪੁਰਸਕਾਰ ਜੇਤੂ, ਦੇਸ਼ ਦੇ ਜਾਗਰੂਕ ਨਾਗਰਿਕ ਹੋਣਗੇ। ਉਨ੍ਹਾਂ ਕਿਹਾ ਕਿ ਅਜਿਹੇ ਹੁਨਰ ਮੰਦ ਬੱਚੇ ਵਿਕਸਤ ਭਾਰਤ ਦੇ ਨਿਰਮਾਤਾ ਬਣਨਗੇ ।ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਜੇਤੂਆਂ ਨਾਲ ਗੱਲਬਾਤ ਕੀਤੀ।

ਪੰਜਾਬ ਦੀ SANVI SOOD ਨੇ ਖੇਡਾਂ ਦੇ ਖੇਤਰ'ਚ ਇਹ ਅਵਾਰਡ ਜਿੱਤਿਆ ਏ. ਆਕਾਸ਼ਵਾਣੀ ਖਬਰਾਂ ਨਾਲ ਗੱਲਬਾਤ ਕਰਦਿਆਂ SANVI SOOD ਨੇ ਇਹ award ਮਿਲਣ'ਤੇ ਆਪਣੀ ਖ਼ੁਸ਼ੀ ਜ਼ਾਹਿਰ ਕੀਤੀ।

-------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤੀ ਲੋਕਰਾਜ ਦੀ ਵਿਸ਼ਾਲਤਾ ਗੁਰੂਆਂ ਦੀਆਂ ਸਿੱਖਿਆਵਾਂ, ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਅਤੇ ਦੇਸ਼ ਦੀ ਏਕਤਾ ਦੇ ਬੁਨਿਆਦੀ ਮੰਤਰ 'ਤੇ ਆਧਾਰਿਤ ਏ। ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਵੀਰ ਬਾਲ ਦਿਵਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਗੁਰੂ ਪਰੰਪਰਾ ਨੇ ਲੋਕਾਂ ਨੂੰ, ਸਾਰਿਆਂ ਨੂੰ ਬਰਾਬਰ ਸਤਿਕਾਰ ਦੀ ਨਜ਼ਰ ਨਾਲ ਦੇਖਣ ਦਾ ਉਪਦੇਸ਼ ਦਿੱਤਾ ਏ ਅਤੇ ਸੰਵਿਧਾਨ ਵੀ ਸਾਨੂੰ ਇਸੇ ਸੋਚ ਦੀ ਪ੍ਰੇਰਨਾ ਦਿੰਦਾ ਏ। ਮੋਦੀ ਨੇ ਕਿਹਾ ਕਿ ਬਹਾਦਰ ਸਾਹਿਬਜ਼ਾਦਿਆਂ ਦਾ ਜੀਵਨ,ਲੋਕਾਂ ਨੂੰ ਦੇਸ਼ ਦੀ ਅਖੰਡਤਾ ਅਤੇ ਵਿਚਾਰਾਂ ਨਾਲ ਸਮਝੌਤਾ ਨਾ ਕਰਨ ਦਾ ਉਪਦੇਸ਼ ਦਿੰਦਾ ਏ। ਉਨ੍ਹਾਂ ਕਿਹਾ ਕਿ ਸੰਵਿਧਾਨ ਲੋਕਾਂ ਨੂੰ ਭਾਰਤ ਦੀ ਪ੍ਰਭੂਸੱਤਾ ਅਤੇ ਅਖੰਡਤਾ ਨੂੰ ਸਰਬੁਚ ਰੱਖਣ ਦਾ ਸਿਧਾਂਤ ਵੀ ਦਿੰਦਾ ਏ। ਪ੍ਰਧਾਨ

ਮੰਤਰੀ ਨੇ ਕਿਹਾ, ਸਾਹਿਬਜ਼ਾਦਾ ਜ਼ੋਰਾਵਰ ਸਿੰਘ ਅਤੇ ਸਾਹਿਬਜ਼ਾਦਾ ਫਤਹਿ ਸਿੰਘ ਬਹੁਤ ਛੋਟੇ ਸਨ, ਪਰ ਉਨ੍ਹਾਂ ਦੇ ਹੌਂਸਲੇ ਅਸਮਾਨ ਤੋਂ ਉੱਚੇ ਸਨ। ਉਨ੍ਹਾਂ ਕਿਹਾ ਕਿ ਵੀਰ ਬਾਲ ਦਿਵਸ ਦਾ ਇਹ ਦਿਹਾੜਾ ਸਿਖਾਉਂਦਾ ਏ ਕਿ ਹਾਲਾਤ ਭਾਵੇਂ ਕਿੰਨੇ ਵੀ ਔਖੇ ਕਿਉਂ ਨਾ ਹੋਣ ਪਰ ਦੇਸ਼ ਅਤੇ ਇਸ ਦੇ ਹਿੱਤਾਂ ਤੋਂ ਵੱਡੀ ਕੋਈ ਚੀਜ਼ ਨਹੀਂ ਏ ।ਸ਼੍ਰੀ ਮੋਦੀ ਨੇ ਕਿਹਾ ਕਿ, ਇਤਿਹਾਸ ਤੋਂ ਲੈ ਕੇ ਵਰਤਮਾਨ ਤੱਕ, ਨੌਜਵਾਨ ਊਰਜਾ ਨੇ ਭਾਰਤ ਦੀ ਤਰੱਕੀ ਵਿੱਚ ਹਮੇਸ਼ਾ ਵੱਡੀ ਭੂਮਿਕਾ ਨਿਭਾਈ ਏ। ਉਨ੍ਹਾਂ ਕਿਹਾ ਕਿ ਆਜ਼ਾਦੀ ਦੇ ਸੰਘਰਸ਼ ਤੋਂ ਲੈ ਕੇ 21ਵੀਂ ਸਦੀ ਦੀਆਂ ਲੋਕ ਲਹਿਰਾਂ ਤੱਕ, ਭਾਰਤ ਦੇ ਨੌਜਵਾਨਾਂ ਨੇ ਹਰ ਕ੍ਰਾਂਤੀ ਵਿੱਚ ਯੋਗਦਾਨ ਪਾਇਆ ਏ. 2022 ਵਿੱਚ, ਸ਼੍ਰੀ ਮੋਦੀ ਨੇ ਐਲਾਨ ਕੀਤਾ ਸੀ ਕਿ 26 ਦਸੰਬਰ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ, ਅਤੇ ਇਨਸਾਫ਼ ਲਈ ਓਹਨਾਂ ਦੀ ਕੁਰਬਾਨੀ ਨੂੰ ਸ਼ਰਧਾਂਜਲੀ ਦੇਣ ਲਈ ਵੀਰ ਬਾਲ ਦਿਵਸ ਵਜੋਂ ਮਨਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਮੰਤਰੀ ਨੇ Suposhit Gram Panchayat Abhiyan ਦੀ ਸ਼ੁਰੂਆਤ ਕੀਤੀ। ਇਸਦਾ ਉਦੇਸ਼, ਪੋਸ਼ਣ ਸੰਬੰਧੀ ਸੇਵਾਵਾਂ ਦੇ ਲਾਗੂਕਰਨ ਨੂੰ

ਮਜ਼ਬੂਤ ਕਰਕੇ ਅਤੇ ਸਰਗਰਮ ਭਾਈਚਾਰਕ ਹਿੱਸੇਦਾਰੀ ਨੂੰ ਯਕੀਨੀ ਬ ਣਾਉਂਦਿਆਂ,ਪੋਸ਼ਣ ਸੰਬੰਧੀ ਨਤੀਜਿਆਂ ਅਤੇ ਤੰਦਰੁਸਤੀ ਨੂੰ ਬਿਹਤਰ ਬ ਣਾਉਣਾ ਏ। ਇਸ ਸਮਾਗਮ ਵਿੱਚ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰ ਸਕਾਰ ਜੇਤੂਆਂ ਅਤੇ ਪਤਵੰਤਿਆਂ ਦੇ ਨਾਲ ਲਗਭਗ ਤਿੰਨ ਹਜ਼ਾਰ 500 ਬੱਚਿਆਂ ਨੇ ਸ਼ਿਰਕਤ ਕੀਤੀ।

---------------------------------------------------

ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ, ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿਚ ਫਤਿਹਗੜ੍ਹ ਸਾਹਿਬ ਦੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸਲਾਨਾ ਤਿੰਨ ਰੋਜ਼ਾ ਸ਼ਹੀਦੀ ਸਭਾ ਕਲ ਅਰੰਭ ਹੋਈ । ਸ਼ਹੀਦੀ ਸਭਾ ਦੇ ਪਹਿਲੇ ਦਿਨ, ਗੁਰਦੁਆਰਾ ਸਾਹਿਬ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਹੋਏ. ਸ਼ਰਧਾਲੂ, ਪੰਜਾਬ ਅਤੇ ਬਾਹਰੋਂ ਵੀ ਵੱਡੀ ਗਿਣਤੀ 'ਚ ਗੁਰਦਵਾਰਾ ਸ਼੍ਰੀ ਫਤਹਿ ਗੜ੍ਹ ਸਾਹਿਬ ਅਤੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਪਹੁੰਚ ਕੇ ਅਰਦਾਸ ਕਰ ਰਹੇ ਨੇ . ਜ਼ਿਲਾ ਪ੍ਰਸ਼ਾਸਨ ਵੱਲੋਂ ਸੰਗਤਾਂ ਦੀ ਸਹੂਲਤ

ਲਈ ਸਾਰੇ ਢੁਕਵੇਂ ਪ੍ਰਬੰਧ ਕੀਤੇ ਗਏ ਨੇ। ਅਖੰਡ ਪਾਠ ਸਾਹਿਬ ਦੇ ਭੋਗ ਭਲਕੇ 27 ਦਸੰਬਰ ਨੂੰ ਪਾਏ ਜਾਣਗੇ. ਇਸ ਉਪਰੰਤ ਗੁਰਦਵਾਰਾ ਸ਼੍ਰੀ ਫਤਹਿਗੜ੍ਹ ਸਾਹਿਬ ਤੋਂ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸ਼ਹੀਦੀ ਨਗਰ ਕੀਰਤਨ ਸਜਾਇਆ ਜਾਵੇਗਾ, ਜੋ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸੰਪੂਰਨ ਹੋਵੇਗਾ ਤੇ ਅਰਦਾਸ ਉਪਰੰਤ ਤਿੰਨ ਰੋਜ਼ਾ ਸ਼ਹੀਦੀ ਸਭਾ ਦੀ ਸਮਾਪਤੀ ਹੋਵੇਗੀ । ਪ੍ਰਸ਼ਾਸਨ ਅਤੇ Punjab Art Theatre ਦੇ ਸਹਿਯੋਗ ਨਾਲ ਸੂਬਾ ਸਰਕਾਰ ਨੇ Aam Khas Bagh ਵਿਖੇ, ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਿਤ ਇੱਕ ਖਾਸ ਨਾਟਕ, 'Jindan Nikkiyan' ਦੀ ਪੇਸ਼ਕਾਰੀ ਦਾ ਪ੍ਰਬੰਧ ਕੀਤਾ ਏ ਜੋ ਕਿ ਖਾਲਸਾ ਪੰਥ ਦੀ ਸਾਜਨਾ ਤੋਂ ਲੈ ਕੇ ਪਰਿਵਾਰ ਦੇ ਵਿਛੋੜੇ ਅਤੇ ਚਮਕੌਰ ਦੀ ਜੰਗ'ਤੇ ਅਧਾਰਿਤ ਏ।

---------------------------------------------------

ਸਾਹਿਬ-ਏ-ਕਮਾਲ, ਦਸਮਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ

ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਚੱਲ ਰਹੀ ਸ਼ਹੀਦੀ ਸਭਾ ਦੇ ਦੂਜੇ ਦਿਨ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ। ਪੰਜਾਬ ਦੇ ਰਾਜਪਾਲ ਨੇ ਕਿਹਾ ਕਿ ਦਸਮਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਅਦੁੱਤੀ ਸ਼ਹਾਦਤ ਦੀ ਮਿਸਾਲ ਦੁਨੀਆਂ ਵਿੱਚ ਕਿਧਰੇ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਨੇ 9 ਸਾਲ ਤੇ 7 ਸਾਲ ਦੀ ਓਮੁਰ ਵਿੱਚ ਜਿਸ ਬਹਾਦਰੀ ਨਾਲ ਜਾਲਮ ਮੁਗਲ ਹਕੂਮਤ ਦਾ ਟਾਕਰਾ ਕੀਤਾ ਅਤੇ ਨਿਡਰਤਾ ਤੇ ਦ੍ਰਿੜ੍ਹਤਾ ਨਾਲ ਧਰਮ 'ਤੇ ਅਡੋਲ ਰਹੇ ਤੇ ਮਹਾਨ ਸ਼ਹਾਦਤ ਦੇ ਕੇ ਇੱਕ ਵਿਲੱਖਣ ਮਿਸਾਲ ਕਾਇਮ ਕੀਤੀ। ਸ੍ਰੀ ਕਟਾਰੀਆ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਵੀ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਪੂਰੇ ਦੇਸ਼ ਵਿੱਚ ਨਮਨ ਕੀਤਾ ਜਾਂਦਾ ਏ ।

---------------------------------------------------------------

ਦੇਸ਼ ਅੱਜ ਸ਼ਹੀਦ ਊਧਮ ਸਿੰਘ ਨੂੰ , ਉਨ੍ਹਾਂ ਦੀ 125 ਵੀਂ ਜਨਮ ਦਿਨ 'ਤੇ

ਯਾਦ ਕਰ ਰਿਹਾ ਏ। 1899 ਵਿੱਚ ਅੱਜ ਦੇ ਹੀ ਦਿਨ, ਅਣਵੰਡੇ ਭਾਰਤ ਵਿੱਚ ਪੰਜਾਬ ਦੇ ਸੁਨਾਮ ਪਿੰਡ ਵਿੱਚ ਜਨਮੇ ਇਸ ਕ੍ਰਾਂਤੀਕਾਰੀ ਨੇ ਪੰਜਾਬ ਦੇ ਸਮਕਾਲੀ ਲੈਫਟੀਨੈਂਟ ਗਵਰਨਰ Michael O'Dwyer, ਦੀ ਹੱਤਿਆ ਕਰਕੇ ਜਲ੍ਹਿਆਂਵਾਲਾ ਬਾਗ ਸਾਕੇ ਦਾ ਬਦਲਾ ਲਿਆ ਸੀ। ਅੰਗਰੇਜ਼ਾਂ ਦੀ ਹਿਰਾਸਤ ਵਿੱਚ ਰਹਿੰਦਿਆਂ, ਓਹਨਾ ਭਾਰਤ ਵਿੱਚ ਤਿੰਨ ਪ੍ਰਮੁੱਖ ਧਰਮਾਂ ਅਤੇ ਆਪਣੀਆਂ ਬਸਤੀਵਾਦ ਵਿਰੋਧੀ ਭਾਵਨਾਵਾਂ ਦੀ ਪ੍ਰਤੀਨਿਧਤਾ ਕਰਦੇ ਹੋਏ 'ਰਾਮ ਮੁਹੰਮਦ ਸਿੰਘ ਆਜ਼ਾਦ' ਨਾਂ ਦੀ ਵਰਤੋਂ ਕੀਤੀ।

---

2 ਪੰਜਾਬ ਐੱਨ ਸੀ ਸੀ ਬਟਾਲੀਅਨ ਦੀ ਅਗਵਾਈ ਹੇਠ, ਡੀ ਏ ਵੀਯੂਨੀ ਵਰਸਿਟੀ ਵਿੱਚ ਆਜ਼ਾਦੀ ਘੁਲਾਟੀਏ ਸ਼ਹੀਦ ਊਧਮ ਸਿੰਘ ਦੀ ਜਨਮਵਰ੍ਹੇਗੰਢ ਦੇ ਮੌਕੇ ਤੇ ਭਾਰਤ ਦੇ 90 ਸਾਲਾਂ ਦੇ ਸੁਤੰਤਰਤਾ ਸੰਘਰਸ਼ 'ਤੇ ਵਿਚਾਰ ਗੋਸ਼ਟੀ ਕਰਵਾਈ ਗਈ। ਬਟਾਲੀਅਨ ਦੇ ਕਮਾਂਡਿੰਗ ਅਫਸਰ, ਕਰਨਲ ਵਿਨੋਦ ਜੋਸ਼ੀ ਨੇ ਕਿਹਾ ਕਿ 1857 ਤੋਂ

1947 ਤੱਕ ਦੇ ਆਜ਼ਾਦੀ ਸੰਗਰਾਮ ਵਿੱਚ ਸਮਾਜ ਦੇ ਸਾਰੇ ਵਰਗਾਂ ਨੇ ਵੱਖ-ਵੱਖ ਰੂਪਾਂ ਵਿੱਚ ਕੁਰਬਾਨੀਆਂ ਦਿੱਤੀਆਂ ਨੇ ।

ਕੌਮ ਇਨ੍ਹਾਂ ਆਜ਼ਾਦੀ ਘੁਲਾਟੀਆਂ ਨੂੰ ਹਮੇਸ਼ਾ ਸਲਾਮ ਕਰਦੀ ਏ ਅਤੇ ਅਸੀਂ ਸਾਰੇ ਇਨ੍ਹਾਂ ਦੀਆਂ ਕੁਰਬਾਨੀਆਂ ਦੇ ਸਦਾ ਕਰਜ਼ਦਾਰ ਰਹਾਂ ਗੇ। ਡੀ ਏ ਵੀ ਯੂਨੀਵਰਸਿਟੀ ਅਤੇ ਲਾਇਲਪੁਰ ਖ਼ਾਲਸਾ ਕਾਲਜ ਦੇ ਐੱਨ ਸੀ ਸੀ ਕੈਡਿਟਾਂ ਨੇ ਭਾਸ਼ਣ ਅਤੇ ਵਾਦ-ਵਿਵਾਦ ਮੁਕਾਬਲਿਆਂ ਵਿੱਚ ਹਿੱਸਾ ਲਿਆ ਅਤੇ ਦੇਸ਼ ਦੇ ਆਜ਼ਾਦੀਘੁਲਾਟੀਆਂ ਦੀਆਂ ਕੁਰਬਾਨੀਆਂ ਅਤੇ ਵੱਖ-ਵੱਖ ਲਹਿਰਾਂ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ।

---

ਅਮ੍ਰਿਤਸਰ ਦੀ, ਛੇਵੀਂ ਜਮਾਤੀ ਦੀ ਇੱਕ ਵਿਦਿਆਰਥਣ, BHANVI ਦੀ, ਵੱਡੇ ਹੋ ਕੇ, ਦੀਪ੍ਰੀ ਕਮਿਸ਼ਨਰ ਬਣਨ ਦੀ ਚਾਹਤ ਨੂੰ ਉਸ ਵੇਲੇ ਪਰਵਾਜ਼ ਮਿਲੀ ਜਦੋਂ ਜ਼ਿਲੇ ਦੇ ਮੌਜੂਦਾ ਡਿਪਟੀ ਕਮਿਸ਼ਨਰ, ਸ਼੍ਰੀਮਤੀ ਸਾਕਸ਼ੀ ਸਾਹਨੀ ਨੇ ਉਸ ਨੂੰ ਅੱਜ ਇੱਕ ਦਿਨ ਦਾ ਦੀਪ੍ਰੀ ਕਮਿਸ਼ਨਰ ਬਣਾ ਕੇ ਸਾਰੀਆਂ ਜ਼ਿੰਮੇਵਾਰੀਆਂ ਸਮਝਾਈਆਂ । ਦੇਸ਼ ਦੀ ਤਰੱਕੀ ‘ਚ ਆਪਣਾ

ਭਰਪੂਰ ਯੋਗਦਾਨ ਦੇਣ ਲਈ, ਸਿਵਿਲ ਸਰਵਿਸਿਸ ਦੀ ਪ੍ਰੀਖਿਆ ਪਾਸ ਕਰਣ ਦੀ ਚਾਹਤ ਰਖਣ ਵਾਲੀ BHANVI ਨੇ ਸ੍ਰੀਮਤੀ ਸਾਹਨੀ ਨਾਲ ਫੋਨ'ਤੇ ਗੱਲਬਾਤ ਕੀਤੀ ਸੀ ਜਿਸ ਤੋਂ ਬਾਅਦ ਡਿਪਟੀ ਕਮਿਸ਼ਨਰ ਨੇ ਉਸਨੂੰ ਵਿਸ਼ੇਸ਼ ਤੌਰ 'ਤੇ ਆਪਣੀ ਗੱਡੀ ਭੇਜ ਕੇ ਪਰਿਵਾਰ ਸਮੇਤ ਆਪਣੇ ਦਫਤਰ ਬੁਲਾਇਆ ਤੇ ਆਪਣੀ ਕੁਰਸੀ 'ਤੇ ਬਿਠਾਇਆ. BHANVI ਦੀ ਖੁਸ਼ੀ ਦੇਖਦਿਆਂ ਹੀ ਬਣਦੀ ਸੀ। ਸ੍ਰੀਮਤੀ ਸਾਹਨੀ ਵੱਲੋਂ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਹੋਈ ਏ ਜਿਸ ਹੇਠ ਜੋ ਬੱਚੇ ਆਪਣੇ ਭਵਿਖ ਦਾ ਸੁਪਨਾ ਦੇਖਦੇ ਨੇ, ਉਸ ਨੂੰ ਪੂਰਾ ਕਰਨ ਲਈ ਮੁਢਲੀ ਜਾਣਕਾਰੀ ਤੋਂ ਇਲਾਵਾ ਜੋ ਵੀ ਸਿਖਿਆ ਚਾਹੀਦੀ ਹੋਵੇ, ਓਹ ਦੇਣ ਦਾ ਪ੍ਰਬੰਧ ਕੀਤਾ ਜਾਂਦਾ ਏ।

-----------------------------------------------------

ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ Hardip Singh Mundian ਨੇ ਦੱਸਿਆ ਕਿ ਸੂਬਾ, ਪੇਂਡੂ ਘਰਾਂ ਨੂੰ ਪਾਣੀ ਦੀ ਪਾਈਪ ਰਾਹੀਂ 100 ਫੀਸਦੀ ਸਪਲਾਈ ਦੇਣ ਵਾਲਾ, ਦੇਸ਼ ਦਾ ਪੰਜਵਾਂ ਸੂਬਾ ਬਣ ਗਿਆ ਏ। ਇਹ, ਕੇਂਦਰ ਸਰਕਾਰ ਦੀ ਯੋਜਨਾ 'ਹਰ ਘਰ ਜਲ' ਤਹਿਤ ਕੀਤਾ

ਗਿਆ ਏ। ਪਾਣੀ ਦੀ ਗੁਣਵੱਤਾ ਅਤੇ ਪਾਣੀ ਦੀ ਕਮੀ ਦੇ ਮਸਲਿਆਂ ਨੂੰ ਹੱਲ ਕਰਨ ਲਈ 2174 ਕਰੋੜ ਰੁਪਏ ਦੀ ਲਾਗਤ 15 ਵੱਡੇ ਨਹਿਰੀ ਜਲ ਪ੍ਰੋਜੈਕਟ ਚਲ ਰਹੇ ਨੇ ਜੋ 1 ਹਜ਼ਾਰ 706 ਪਿੰਡਾਂ ਨੂੰ ਕਵਰ ਕਰਦੇ ਨੇ।

---------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ 'ਚ, ਸੀਤ ਲਹਿਰ ਦੇ ਹਾਲਾਤ ਜਾਰੀ ਰਹਿਣ ਦੀ ਪੇਸ਼ੀਨਗੋਈ ਕੀਤੀ ਏ। ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਹਿਮਾਚਲ ਪ੍ਰਦੇਸ਼ ਦੇ ਕੁਝ ਇਲਾਕਿਆਂ ਵਿੱਚ, ਆਉਂਦੇ ਦਿਨਾਂ'ਚ ਬਾਰਿਸ਼ ਹੋ ਸਕਦੀ ਏ. ।ਇਸ ਬਾਰੇ ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸ਼੍ਰੀ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ

---------------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਸ਼ਾਨਦਾਰ ਪ੍ਰਾਪਤੀਆਂ ਲਈ 17 ਬੱਚਿਆਂ ਨੂੰ 'Pradhan Mantri Rashtriya

Bal Puraskar’ ਪ੍ਰਦਾਨ ਕੀਤੇ.ਪੰਜਾਬ ਦੀ SANVI SOOD ਨੇ ਪਰਬਤਾਰੋਹਣ ਵਰਗ‘ਚ ਇਹ ਅਵਾਰਡ ਜਿੱਤਿਆ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵੀਰ ਬਾਲ ਦਿਵਸ’ਤੇ ਸਾਹਿਬਜ਼ਾਦਿਆਂ ਦੀ ਦਲੇਰੀ ਅਤੇ ਕੁਰਬਾਨੀ ਨੂੰ ਯਾਦ ਕਰਦਿਆਂ ਕਿਹਾ ਏ ਕਿ ਓਹਨਾ ਦਾ ਜੀਵਨ, ਦੇਸ਼ ਦੀ ਅਖੰਡਤਾ ਨਾਲ ਸਮਝੌਤਾ ਨਾ ਕਰਨ ਦਾ ਉਪਦੇਸ਼ ਦਿੰਦਾ ਏ।
- ਛੋਟੇ ਸਾਹਿਬਜ਼ਾਦਿਆਂ, ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿਚ ਫਤਿਹਗੜ੍ਹ ਸਾਹਿਬ ਵਿਖੇ ਕਲ ਸ਼ੁਰੂ ਹੋਈ ਸ਼ਹੀਦੀ ਸਭਾ ਭਲਕੇ ਸੰਪੂਰਨ ਹੋ ਜਾਏਗੀ।
- ਮੌਸਮ ਵਿਭਾਗ ਨੇ ਆਉਂਦੇ ਦਿਨਾਂ’ਚ ਪੰਜਾਬ ‘ਚ ਬਾਰਿਸ਼ ਹੋਣ ਦੀ ਸੰਭਾਵਨਾ ਜਤਾਈ ਏ।